SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 24* Issue 127 | Friday, 12 July 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਪ੍ਰਧਾਨ ਮੰਤਰੀ ਟਰੂਡੋ ਨੇ ਫਰੀਲੈਂਡ 'ਤੇ ਪੂਰਾ ਭਰੋਸਾ ਜਤਾਇਆ

ਓਟਵਾ, 11 ਜੁਲਾਈ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕਿਹਾ ਕਿ ਉਨ੍ਹਾਂ ਨੂੰ ਉਪ ਪ੍ਰਧਾਨ ਮੰਤਰੀ ਅਤੇ ਵਿੱਤ ਮੰਤਰੀ ਕ੍ਰੀਸਟੀਆ ਫਰੀਲੈਂਡ 'ਤੇ ਪੂਰਾ ਭਰੋਸਾ ਹੈ, ਪਰ ਉਹ ਫੈਡਰਲ ਰਾਜਨੀਤੀ ਵਿਚ ਪ੍ਰਵੇਸ਼ ਕਰਨ ਬਾਰੇ ਮਾਰਕ ਕਾਰਨੀ ਨਾਲ ਵੀ ਗੱਲ ਕਰ ਰਹੇ ਹਨ।



ਕੈਬਨਿਟ ਵਿੱਚ ਫਰੀਲੈਂਡ ਦੀ ਭੂਮਿਕਾ ਉੱਤੇ ਵਿਚਾਰ ਕੀਤੇ ਜਾਣ ਦੀਆਂ ਖਬਰਾਂ ਵਿਚਕਾਰ ਟਰੂਡੋ ਨੇ ਵੀਰਵਾਰ ਨੂੰ ਵਾਸ਼ਿੰਗਟਨ, ਡੀ. ਸੀ. ਵਿੱਚ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਫਰੀਲੈਂਡ ਕੈਨੇਡਾ ਲਈ ਅਸਲ ਵਿੱਚ ਵੱਡੇ ਕੰਮ ਕਰਨ ਵਿੱਚ ਇੱਕ ਕਰੀਬੀ ਦੋਸਤ, ਸਹਿਯੋਗੀ ਅਤੇ ਭਾਗੀਦਾਰ ਰਹੇ ਹਨ ਅਤੇ ਅੱਗੇ ਵੀ ਰਹਿਣਗੇ।

ਉਨ੍ਹਾਂ ਨੇ ਕਿਹਾ ਕਿ ਮੈਨੂੰ ਉਨ੍ਹਾਂ ਯੋਗਤਾਵਾਂ ਅਤੇ ਸਾਡੇ ਵੱਲੋਂ ਮਿਲਕੇ ਕੀਤੇ ਜਾਣ ਵਾਲੇ ਕੰਮ 'ਤੇ ਪੂਰਾ ਭਰੋਸਾ ਹੈ। ਇਹ ਤੱਦ ਹੋਇਆ ਜਦੋਂ ਮੀਡੀਆ ਵਿਚ ਵੀਰਵਾਰ ਨੂੰ ਅਣਪਛਾਤੇ ਸਰੋਤਾਂ ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਟਰੂਡੋ ਦੇ ਦਫ਼ਤਰ ਦੇ ਸੀਨੀਅਰ ਅਧਿਕਾਰੀ ਸਫਲ ਆਰਥਿਕ ਸੰਦੇਸ਼ ਦੇਣ ਵਿੱਚ ਫਰੀਲੈਂਡ ਦੀ ਪ੍ਰਭਾਵਸ਼ੀਲਤਾ ਨੂੰ ਲੈ ਕੇ ਚਿੰਤਤ ਹਨ। ਇਹ ਵੀ ਕਿਹਾ ਗਿਆ ਕਿ ਉਪ ਪ੍ਰਧਾਨ ਮੰਤਰੀ ਅਤੇ ਪ੍ਰਧਾਨ ਮੰਤਰੀ ਦਫ਼ਤਰ ਵਿਚਕਾਰ ਸੰਬੰਧ ਤਨਾਅ ਵਾਲੇ ਹੋ ਗਏ ਹਨ। ਇਹ ਵੀ ਚਰਚਾ ਹੈ ਕਿ ਵਿੱਤ ਵਿਭਾਗ ਵਿੱਚ ਫਰੀਲੈਂਡ ਦੇ ਸਥਾਨ 'ਤੇ ਲੀਡਰਸ਼ਿਪ ਦੇ ਦਾਅਵੇਦਾਰ ਮਾਰਕ ਕਾਰਨੀ ਨੂੰ ਲਿਆਉਣ ਦੀ ਹੈ।

## ਵੰਡਰਲੈਂਡ ਵਿੱਚ ਝੂਲੇ ਤੋਂ ਡਿੱਗਿਆ ਇੱਕ ਵਿਅਕਤੀ, ਹਸਪਤਾਲ ਦਾਖਲ

ਟੋਰਾਂਟੋ, 11 ਜੁਲਾਈ (ਪੋਸਟ ਬਿਊਰੋ): ਵੀਰਵਾਰ ਦੁਪਹਿਰ ਕੈਨੇਡਾ ਦੇ ਵੰਡਰਲੈਂਡ ਵਿੱਚ ਝੂਲੇ ਤੋਂ ਇੱਕ ਇੱਕ ਵਿਅਕਤੀ ਡਿੱਗ ਗਿਆ। ਬਾਅਦ ਵਿਚ ਉਸ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ।

ਵਾਨ ਵਿੱਚ ਐਮਿਊਜ਼ਮੈਂਟ ਪਾਰਕ ਦੇ ਬੁਲਾਏ ਨੇ ਕਿਹਾ ਕਿ ਸਵਿੰਗ ਆਫ ਦ ਸੇਂਚੁਰੀ 'ਤੇ ਰਾਈਡ ਸੰਚਾਲਕਾਂ ਨੇ ਦੁਪਹਿਰ 2:30 ਵਜੇ ਤੋਂ ਬਾਅਦ ਇੱਕ ਵਿਅਕਤੀ ਦੇ ਜਖ਼ਮੀ ਹੋਣ ਦੀ ਸੂਚਨਾ ਦਿੱਤੀ।

ਬੁਲਾਰੇ ਨੇ ਕਿਹਾ ਕਿ ਪਾਰਕ ਦੇ ਮੈਡੀਕਲ ਸਟਾਫ ਅਤੇ ਈਐੱਮਐੱਸ ਦੇ ਸਹਿਯੋਗ ਦਿੱਤਾ ਅਤੇ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ।




ਘਟਨਾ ਦੀ ਜਾਂਚ ਚੱਲ ਰਹੀ ਹੈ। ਸਾਡੇ ਆਉਣ ਵਾਲੇ ਸੈਲਾਨੀ ਅਤੇ ਸਾਥੀਆਂ ਦੀ ਸੁਰੱਖਿਆ ਸਾਡੀ ਸਰਵਉਚ ਪਹਿਲ ਹੈ।

ਯਾਰਕ ਖੇਤਰ ਦੇ ਪੈਰਾਮੈਡੀਕਸ ਨੇ ਦੱਸਿਆ ਕਿ ਇੱਕ ਵਿਅਕਤੀ ਰਾਈਡ ਤੋਂ 30 ਵਲੋਂ 40 ਫੁੱਟ ਹੇਠਾਂ ਡਿੱਗ ਗਿਆ ਅਤੇ ਕਿਹਾ ਕਿ ਵਿਅਕਤੀ ਨੂੰ ਟਰਾਮਾ ਸੈਂਟਰ ਲਿਜਾਇਆ ਗਿਆ।

ਉਨ੍ਹਾਂ ਨੇ ਵਿਅਕਤੀ ਦੀਆਂ ਸੱਟਾਂ ਦੀ ਗੰਭੀਰਤਾ ਤੇ ਮੌਜੂਦਾ ਸਥਿਤੀ ਬਾਰੇ ਨਹੀਂ ਦੱਸਿਆ। ਹਾਲੇ ਡਿੱਗਣ ਦੇ ਕਾਰਨਾਂ ਦਾ ਪਤਾ ਨਹੀਂ ਚੱਲ ਸਕਿਆ ਹੈ।

## ਪੂਰਵੀ ਓਂਟਾਰੀਓ ਵਿੱਚ ਬਲੂਬੇਰੀ ਦਾ ਸੀਜ਼ਨ ਸ਼ੁਰੂ

ਓਂਟਾਰੀਓ, 11 ਜੁਲਾਈ (ਪੋਸਟ ਬਿਊਰੋ): ਪੇਂਬਰੋਕ, ਓਂਟਾਰੀਓ ਦੇ ਪੂਰਵ ਵਿੱਚ ਹੁਗਲੀ ਦੇ ਬਲੂਬੇਰੀ ਰਾਂਚ ਵਿੱਚ ਬਲੂਬੇਰੀ ਲੱਗ ਗਈਆਂ ਹਨ, ਕਿਉਂਕਿ ਇਨਹਾਂ ਨੂੰ ਤੋੜਨ ਦਾ ਸੀਜ਼ਨ ਵੀਰਵਾਰ ਨੂੰ ਸ਼ੁਰੂ ਹੋ ਗਿਆ ਹੈ।

ਕਿਸਾਨ ਬ੍ਰਾਇਨ ਹੁਗਲੀ ਨੇ ਕਿਹਾ ਜੇਕਰ ਤੁਸੀਂ ਇਸ ਹਫ਼ਤੇ ਆਉਂਦੇ ਹੋ ਅਤੇ ਤੁਸੀ ਆਪਣੇ ਟਰੱਕ ਨੂੰ ਨਹੀਂ ਭਰ ਕੇ ਨਹੀਂ ਲਿਜਾਂਦੇ, ਤਾਂ ਇਸਦਾ ਮਤਲੱਬ ਹੈ ਕਿ ਤੁਸੀਂ ਇਸਤੋਂ ਵਾਂਝੇ ਰਹਿ ਜਾਓਗੇ। ਹੁਗਲੀ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ



ਗਰਮੀਆਂ ਵਿੱਚ ਵੱਡੀ ਮਾਤਰਾ ਵਿੱਚ ਬੇਰੀਜ਼ ਤੋੜੇ ਜਾਣ ਦੀ ਉਮੀਦ ਹੈ,

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸੇਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



## ਅੱਜ ਨਾਮਾ >>

ਜਲੰਧਰ ਚੋਣ ਲਈ ਵੋਟਿੰਗ ਹੈ ਸਿਰੇ ਲੱਗੀ,
ਇਸ ਵਿੱਚ ਰਿਹਾ ਹੈ ਅਮਨ-ਅਮਾਨ ਬੇਲੀ।
ਪਈਆਂ ਵੋਟਾਂ ਤਾਂ ਕਿਸੇ ਨੂੰ ਯਾਦ ਵੀ ਨਹੀਂ,
ਕਿਸੇ ਨੇ ਕਿਹੋ ਜਿਹਾ ਦਿੱਤਾ ਬਿਆਨ ਬੇਲੀ।
ਕੁਝ-ਕੁਝ ਮਾਰਦੇ ਯੱਕੜ ਰਹੇ ਚੋਣ ਅੰਦਰ,
ਤਾਂ ਕਰਦੇ ਕਈ ਰਹੇ ਨਿਰੇ ਵਖਿਆਨ ਬੇਲੀ।
ਜਨਤਾ ਭੁੱਲ ਗਈ ਚੋਣਾਂ ਵਿੱਚ ਕੀ ਹੋਇਆ,
ਨਤੀਜਾ ਉਡੀਕਣ ਦਾ ਨਿਰਾ ਧਿਆਨ ਬੇਲੀ।
ਜਿੱਤਣ-ਹਾਰਨ ਦਾ ਲੱਗਿਆ ਪੱਤਾ ਜਿੱਦਣ,
ਸੋਚਣੀ ਕਿਸੇ ਨਹੀਂ ਅੱਗੇ ਕੁਝ ਗੱਲ ਬੇਲੀ।
ਮਸਲੇ ਲਟਕਦੇ ਰਹਿਣੇ ਹਨ ਇੰਜ ਪਹਿਲੇ,
ਜਿੱਦਾਂ ਲਟਕ ਰਹੇ ਦਿੱਸਦੇ ਸੀ ਕੱਲ੍ਹ ਬੇਲੀ।

**ਤੀਸ ਮਾਰ ਖਾਂ**

# ਮੁੱਖ ਮੰਤਰੀ ਭਗਵੰਤ ਮਾਨ ਨੇ ਕਿਸਾਨਾਂ ਨੂੰ ਖੇਤਾਂ ਵਿੱਚ ਮੋਟਰਾਂ ਨੇੜੇ ਚਾਰ-ਚਾਰ ਬੂਟੇ ਲਾਉਣ ਦੀ ਕੀਤੀ ਅਪੀਲ

### ਜੰਗਲਾਤ ਵਿਭਾਗ ਨੇ ਇਸ ਸਾਲ ਸੂਬੇ ਵਿੱਚ ਤਿੰਨ ਕਰੋੜ ਪੌਦੇ ਲਾਉਣ ਦਾ ਮਿੱਥਿਆ ਟੀਚਾ



ਚੰਡੀਗੜ੍ਹ, 11 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਹਰਿਆਵਲ ਅਧੀਨ ਰਕਬਾ ਵਧਾਉਣ ਲਈ ਸਮੂਹ ਕਿਸਾਨਾਂ ਨੂੰ ਆਪਣੀਆਂ ਖੇਤਾਂ ਵਾਲੀਆਂ ਮੋਟਰਾਂ (ਟਿਊਬਵੈੱਲਾਂ) ਦੇ ਆਲੇ-ਦੁਆਲੇ ਘੱਟੋ-ਘੱਟ ਚਾਰ ਪੌਦੇ ਲਾਉਣ ਦੀ ਅਪੀਲ ਕੀਤੀ।

ਸੂਬੇ ਵਿੱਚ ਪੌਦੇ ਲਾਉਣ ਦੀ ਮੁਹਿੰਮ ਦਾ ਜਾਇਜ਼ਾ ਲੈਣ ਲਈ ਇੱਥੇ ਆਪਣੇ ਦਫ਼ਤਰ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸੂਬੇ ਵਿੱਚ ਜੰਗਲਾਤ ਅਧੀਨ ਰਕਬਾ ਵਧਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਤਕਰੀਬਨ ਤਿੰਨ ਕਰੋੜ ਬੂਟੇ ਲਾਉਣ ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਲਈ ਆਉਂਦੇ ਦਿਨਾਂ ਵਿੱਚ ਇੱਕ ਵਿਆਪਕ ਮੁਹਿੰਮ ਸ਼ੁਰੂ ਕੀਤੀ ਜਾਵੇਗੀ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਿਸਾਨ ਇਸ ਮੁਹਿੰਮ ਨੂੰ ਲੋਕ ਲਹਿਰ ਵਿੱਚ ਬਦਲਣ ਲਈ ਸਰਗਰਮ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਕਿਸਾਨਾਂ ਨੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ-ਨਿਰਭਰ ਬਣਾਇਆ ਹੈ, ਉਸੇ ਤਰ੍ਹਾਂ ਉਹ ਸੂਬੇ ਵਿੱਚ ਹਰਿਆਵਲ ਅਧੀਨ ਰਕਬਾ ਵਧਾਉਣ ਲਈ ਵੀ ਵੱਡੀ ਭੂਮਿਕਾ ਨਿਭਾ ਸਕਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਸਾਲ ਕੁੱਲ 1.2 ਕਰੋੜ ਪੌਦੇ ਲਾਏ ਗਏ ਸਨ ਅਤੇ ਇਸ ਸਾਲ ਇਹ ਟੀਚਾ ਵਧਾ ਕੇ ਤਿੰਨ ਕਰੋੜ ਕਰ ਦਿੱਤਾ ਗਿਆ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਨੂੰ ਬੂਟੇ ਲਾਉਣ ਦੀ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਕਿਹਾ ਤਾਂ ਜੋ ਸੂਬੇ ਭਰ ਵਿੱਚ ਜੰਗਲਾਤ ਅਧੀਨ ਖੇਤਰ ਨੂੰ ਵਧਾਇਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਡਿਪਟੀ ਕਮਿਸ਼ਨਰਾਂ ਨੂੰ ਕਿਹਾ ਕਿ ਉਹ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਖਾਲੀ ਪਈ ਸਰਕਾਰੀ ਜ਼ਮੀਨ ਦੀ ਸ਼ਨਾਖਤ ਕਰ ਕੇ ਉਥੇ ਵੱਧ ਤੋਂ ਵੱਧ ਬੂਟੇ ਲਾਉਣਾ ਯਕੀਨੀ ਬਣਾਉਣ।

ਮੁੱਖ ਮੰਤਰੀ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਸੂਬੇ ਦੇ ਸਾਰੇ ਜ਼ਿਲ੍ਹਿਆਂ ਦਾ ਨਿੱਜੀ ਤੌਰ 'ਤੇ ਦੌਰਾ ਕਰ ਕੇ ਬੂਟੇ ਲਗਾਉਣ ਦੀ ਇਸ ਮੁਹਿੰਮ ਦੀ ਜ਼ਮੀਨੀ ਪੱਧਰ 'ਤੇ ਨਿਗਰਾਨੀ ਕਰਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ 14.01 ਲੱਖ ਮੋਟਰਾਂ ਹਨ ਅਤੇ ਜੇਕਰ ਹਰ ਕਿਸਾਨ ਚਾਰ ਬੂਟੇ ਲਾਵੇ ਤਾਂ ਜੰਗਲਾਤ ਅਧੀਨ ਰਕਬੇ ਵਿੱਚ ਚੋਖਾ ਵਾਧਾ ਹੋ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਸੂਬਾ ਸਰਕਾਰ ਇਸ ਯੋਜਨਾ ਤਹਿਤ ਪਹਿਲਾਂ ਹੀ 3.95 ਲੱਖ ਮੋਟਰਾਂ ਨੂੰ ਕਵਰ ਕਰ ਚੁੱਕੀ ਹੈ, ਬਾਕੀ ਇਸ ਸਾਲ ਕਵਰ ਕਰ ਦਿੱਤੀਆਂ ਜਾਣਗੀਆਂ।

ਗੁਰਬਾਣੀ ਦੀ ਤੁਕ 'ਪਵਣੁ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹਤੁ' ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਗੁਰੂਆਂ ਨੇ ਹਵਾ (ਪਵਨ) ਨੂੰ ਗੁਰੂ ਨਾਲ, ਪਾਣੀ ਨੂੰ ਪਿਤਾ ਨਾਲ ਅਤੇ ਜ਼ਮੀਨ (ਧਰਤ) ਨੂੰ ਮਾਤਾ ਦਾ ਦਰਜਾ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ, ਜਦੋਂ ਸਾਨੂੰ ਸੂਬੇ ਦੇ ਵਾਤਾਵਰਨ ਨੂੰ ਬਚਾਉਣ ਦਾ ਸੰਕਲਪ ਲੈਂਦਿਆਂ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਗੁਰਬਾਣੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ ਅਤੇ ਸੂਬੇ ਦੇ ਲੋਕ ਵੱਧ ਤੋਂ ਵੱਧ ਪੌਦੇ ਲਗਾ ਕੇ ਸੂਬਾ ਸਰਕਾਰ ਦਾ ਸਾਥ ਦੇਣ।

# 'ਇਲਾਹੀ ਗਿਆਨ ਦਾ ਸਾਗਰ ਸ੍ਰੀ ਗੁਰੂ ਗ੍ਰੰਥ ਸਾਹਿਬ' ਪੁਸਤਕ ਐੱਸ.ਪੀ. ਸਿੰਘ ਉਬਰਾਏ ਅਤੇ ਬਾਵਾ ਨੇ ਸਲੌਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਭੇਂਟ ਕੀਤੀ

### ਗੁਰਦੁਆਰਾ ਸਾਹਿਬ ਵਿਖੇ ਹੀ ਉਬਰਾਏ ਨੇ 122ਵੀਂ ਲੈਬਾਟਰੀ ਦਾ ਕੀਤਾ ਉਦਘਾਟਨ



ਮੁੱਲਾਂਪੁਰ ਦਾਖਾ, 11 ਜੁਲਾਈ (ਗਿਆਨ ਸਿੰਘ): ਇਲਾਹੀ ਗਿਆਨ ਦਾ ਸਾਗਰ ਸ੍ਰੀ ਗੁਰੂ ਗ੍ਰੰਥ ਸਾਹਿਬ ਪੁਸਤਕ ਵਿਸ਼ਵ ਪ੍ਰਸਿੱਧ ਸਮਾਜ ਸੇਵੀ, ਮਹਾਂਦਾਨੀ ਐੱਸ.ਪੀ. ਸਿੰਘ ਉਬਰਾਏ ਅਤੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਜਨਰਲ ਸਕੱਤਰ ਫਾਊਂਡੇਸ਼ਨ ਪੰਜਾਬ ਜਸਵੰਤ ਸਿੰਘ ਛਾਪਾ ਅਤੇ ਡਾ. ਦਲਜੀਤ ਸਿੰਘ ਗਿੱਲ ਨੇ ਸਲੌਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਹਾ ਸਿੰਘ ਨੂੰ ਭੇਂਟ ਕੀਤੀ। ਇਸ ਸਮੇਂ ਮੈਡੀਕਲ ਖੇਤਰ ਵਿੱਚ ਆਮ ਲੋਕਾਂ ਦੀਆਂ ਸਿਹਤ ਸਹੂਲਤਾਂ ਨੂੰ ਮੁੱਖ ਰੱਖਦੇ ਹੋਏ ਡਾ. ਐੱਸ.ਪੀ. ਸਿੰਘ ਉਬਰਾਏ ਨੇ 122ਵੀਂ ਸੇਵਾਹਿੱਤ ਲੈਬਾਟਰੀ ਦਾ ਉਦਘਾਟਨ ਕੀਤਾ।

ਇਸ ਸਮੇਂ ਡਾ. ਉਬਰਾਏ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਦਿਹਾੜੇ 'ਤੇ ਸਰਬੱਤ ਦਾ ਭਲਾ ਟਰੱਸਟ ਵੱਲੋਂ ਮਨੁੱਖਤਾ ਦੇ ਭਲੇ ਲਈ ਲੋੜਵੰਦ ਲੋਕਾਂ ਦੀ ਮੱਦਦ ਲਈ ਲੈਬਾਟਰੀਆਂ ਖੋਲਣ ਦਾ ਫੈਸਲਾ ਕੀਤਾ ਗਿਆ ਸੀ ਜੋ ਲੜੀ ਨਿਰੰਤਰ ਵਾਹਿਗੁਰੂ ਜੀ ਦੀ ਕਿਰਪਾ ਨਾਲ ਚੱਲ ਰਹੀ ਹੈ। ਇਸ ਸਮੇਂ ਬਾਵਾ ਤੇ ਛਾਪਾ ਨੇ ਕਿਹਾ ਕਿ ਉਬਰਾਏ ਵੱਲੋਂ ਸਿਹਤ, ਸਿੱਖਿਆ ਅਤੇ ਸਪੋਰਟਸ ਦੇ ਖੇਤਰ ਵਿੱਚ ਪਾਇਆ ਜਾ ਰਿਹਾ ਯੋਗਦਾਨ ਮਨੁੱਖਤਾ ਦੀ ਸੇਵਾ ਲਈ ਵੱਖਰੀ ਮਿਸਾਲ ਪੇਸ਼ ਕਰਦਾ ਹੈ। ਉਹਨਾਂ ਕਿਹਾ ਕਿ ਵਿਦੇਸ਼ਾਂ ਵਿੱਚ ਫਸੇ ਅਤੇ ਕਿਸੇ ਨਾ ਕਿਸੇ ਅਣਸੁਖਾਵੀ ਘਟਨਾ ਵਿੱਚ ਮਾਰੇ ਗਏ ਤਕਰੀਬਨ 400 ਲੋਕਾਂ ਦੀਆਂ ਵਿਦੇਸ਼ਾਂ ਤੋਂ ਮ੍ਰਿਤਕ ਦੇਹਾਂ ਪਹੁੰਚਾਉਣ ਦੇ ਉਪਰਾਲੇ ਦੇ ਨਾਲ-ਨਾਲ ਪ੍ਰਭਾਵਿਤ ਪਰਿਵਾਰਾਂ ਦੀ ਰੋਜ਼ੀ ਰੋਟੀ ਦਾ ਵੀ ਧਿਆਨ ਦੇਣਾ ਵੱਡੀ ਸੇਵਾ ਹੈ। ਉਹਨਾਂ ਕਿਹਾ ਕਿ ਸ. ਉਬਰਾਏ ਪਰਮਾਤਮਾ ਦੇ ਦੂਤ ਬਣ ਕੇ ਸਮੁੱਚੀ ਮਨੁੱਖਤਾ ਦੀ ਬਿਨਾਂ ਭੇਦਭਾਵ ਸੇਵਾ ਕਰ ਰਹੇ ਹਨ। ਅੱਜ ਹਰ ਭਾਰਤੀ ਦੇਸ਼ ਵਿਦੇਸ਼ ਵਿੱਚ ਬੈਠਾ ਉਹਨਾਂ ਦੀ ਚੜ੍ਹਦੀ ਕਲਾ ਦੀ ਕਾਮਨਾ ਕਰਦਾ ਹੈ। ਇਸ ਸਮੇਂ ਪ੍ਰਧਾਨ ਬਲਤੇਜ ਸਿੰਘ, ਸਰਪੰਚ ਮਨਦੀਪ ਕੁਮਾਰ, ਜਸਵਿੰਦਰ ਸਿੰਘ, ਜਸਵੰਤ ਸਿੰਘ, ਭੁਪਿੰਦਰ ਸਿੰਘ, ਪਰਮਜੀਤ ਸਿੰਘ, ਚਰਨਜੀਤ ਸਿੰਘ, ਜਸਵਿੰਦਰ ਸਿੰਘ, ਮੇਜਰ ਸਿੰਘ, ਸੁਖਵਿੰਦਰ ਸਿੰਘ ਕਾਕਾ, ਰਮਨ ਕੁਮਾਰ, ਅਵਤਾਰ ਸਿੰਘ ਆਦਿ ਹਾਜ਼ਰ ਸਨ।

# ਗਲਾਡਾ ਵੱਲੋਂ ਦੋ ਅਣਅਧਿਕਾਰਤ ਕਲੋਨੀਆਂ 'ਤੇ ਕਾਰਵਾਈ



ਲੁਧਿਆਣਾ, 11 ਜੁਲਾਈ (ਪੋਸਟ ਬਿਊਰੋ): ਮੁੱਖ ਪ੍ਰਸ਼ਾਸਕ ਗਲਾਡਾ ਸਾਕਸ਼ੀ ਸਾਹਨੀ, ਆਈ.ਏ.ਐਸ. ਵੱਲੋਂ ਗੈਰ-ਕਾਨੂੰਨੀ ਕਲੋਨੀਆਂ 'ਤੇ ਸ਼ਿਕੰਜਾ ਕੱਸਦਿਆਂ ਕਿਹਾ ਕਿ ਅਣਅਧਿਕਾਰਤ ਅਤੇ ਗੈਰ-ਯੋਜਨਾਬੱਧ ਤਰੀਕੇ ਨਾਲ ਕੀਤੀਆਂ ਉਸਾਰੀਆਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ ਗੈਰ-ਕਾਨੂੰਨੀ ਕਲੋਨੀਆਂ ਵਿੱਚ ਸਸਤੇ ਪਲਾਟ ਵੇਚਣ ਦੀ ਆੜ ਵਿੱਚ ਕਾਨੂੰਨੀ ਪ੍ਰਵਾਨਗੀ ਅਤੇ ਸਰਕਾਰੀ ਨਿਯਮਾਂ ਨੂੰ ਛਿੱਕੇ ਟੰਗ ਕੇ ਭੋਲੇ-ਭਾਲੇ ਵਸਨੀਕਾਂ ਨਾਲ ਧੱਕੇਸ਼ਾਹੀ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ।

ਵਧੀਕ ਮੁੱਖ ਪ੍ਰਸ਼ਾਸਕ, ਗਲਾਡਾ-ਕਮ-ਸਮਰੱਥ ਅਥਾਰਟੀ ਓਜਸਵੀ, ਆਈ.ਏ.ਐਸ. ਦੁਆਰਾ ਕਾਰਵਾਈ ਕਰਨ ਲਈ ਜਾਰੀ ਕੀਤੇ ਹੁਕਮਾਂ ਦੀ ਪਾਲਣਾ ਕਰਦਿਆਂ ਡਿਊਟੀ ਮੈਜਿਸਟ੍ਰੇਟ ਵਜੋਂ ਉਪ ਮੰਡਲ ਇੰਜੀਨੀਅਰ, ਗਲਾਡਾ ਕਰਨ ਅਗਰਵਾਲ ਨੇ ਪੁਲਿਸ ਫੋਰਸ ਅਤੇ ਗਲਾਡਾ ਦੀ ਇਨਫੋਰਸਮੈਂਟ ਟੀਮ ਜਿਸ ਵਿੱਚ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ), ਸਹਾਇਕ ਟਾਊਨ ਪਲਾਨਰ (ਰੈਗੂਲੇਟਰੀ), ਸਬ-ਡਵੀਜ਼ਨਲ ਇੰਜੀਨੀਅਰ, ਗਲਾਡਾ, ਜੂਨੀਅਰ ਇੰਜੀਨੀਅਰ (ਰੈਗੂਲੇਟਰੀ) ਸ਼ਾਮਲ ਸਨ, ਨੇ ਦੋ ਅਣਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕੀਤੀ। ਅੱਜ ਬਾਰਨਹਾਰਾ, ਲੁਧਿਆਣਾ ਵਿੱਚ ਅਣਅਧਿਕਾਰਿਤ ਕਲੋਨੀਆਂ ਦੀਆਂ ਸੜਕਾਂ, ਚਾਰਦੀਵਾਰੀ, ਰਸਤਿਆਂ, ਸਟਰੀਟ ਲਾਈਟਾਂ, ਸੀਵਰੇਜ ਦੇ ਮੈਨਹੋਲਾਂ ਅਤੇ ਇਨ੍ਹਾਂ ਥਾਵਾਂ 'ਤੇ ਹੋਰ ਨਾਜਾਇਜ਼ ਉਸਾਰੀਆਂ ਅਤੇ ਢਾਂਚਿਆਂ ਨੂੰ ਢਹਿ-ਢੇਰੀ ਕੀਤਾ ਗਿਆ। ਇਹ ਅਣ-ਅਧਿਕਾਰਤ ਕਲੋਨੀਆਂ ਪਿੰਡ ਬਰਨਹਾਰਾ, ਲੁਧਿਆਣਾ ਵਿੱਚ ਸਥਿਤ ਸਨ।

ਜਦੋਂ ਡਿਵੈਲਪਰਾਂ ਨੂੰ ਨੋਟਿਸ ਦੇਣ ਦੇ ਬਾਵਜੂਦ ਵੀ ਉਨ੍ਹਾਂ ਗੈਰ-ਕਾਨੂੰਨੀ ਉਸਾਰੀ ਦਾ ਕੰਮ ਬੰਦ ਨਹੀਂ ਕੀਤਾ ਤਾਂ ਇਕ ਵਿਸ਼ੇਸ਼ ਟੀਮ ਵੱਲੋਂ ਕਾਰਵਾਈ ਆਰੰਭੀ ਗਈ, ਜੋ ਬਿਨਾਂ ਵਿਰੋਧ ਨੇਪਰੇ ਚੜ੍ਹੀ। ਸ਼ੁਰੂਆਤੀ ਪੜਾਅ 'ਤੇ ਗੈਰ-ਕਾਨੂੰਨੀ ਕਲੋਨੀਆਂ ਦੀ ਰੋਕਥਾਮ ਲਈ ਗਲਾਡਾ ਆਉਣ ਵਾਲੇ ਹਫ਼ਤਿਆਂ ਵਿੱਚ ਅਜਿਹੀਆਂ ਹੋਰ ਮੁਹਿੰਮਾਂ ਦੀ ਯੋਜਨਾ ਬਣਾ ਰਿਹਾ ਹੈ।

ਮੁੱਖ ਪ੍ਰਸ਼ਾਸਕ, ਗਲਾਡਾ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਣਅਧਿਕਾਰਤ ਕਲੋਨੀਆਂ ਵਿੱਚ ਜਾਇਦਾਦ/ਪਲਾਟ/ਇਮਾਰਤਾਂ ਦੀ ਖਰੀਦ ਨਾ ਕਰਨ ਕਿਉਂਕਿ ਗਲਾਡਾ ਕੋਈ ਵੀ ਸਹੂਲਤ ਜਿਵੇਂ ਕਿ ਵਾਟਰ ਸਪਲਾਈ, ਸੀਵਰੇਜ, ਬਿਜਲੀ ਕੁਨੈਕਸ਼ਨ, ਸਟਰੀਟ ਲਾਈਟਾਂ ਆਦਿ ਪ੍ਰਦਾਨ ਨਹੀਂ ਕਰੇਗਾ। ਉਨ੍ਹਾਂ ਦੇ ਮਨਜ਼ੂਰ ਕੀਤੇ ਨਕਸ਼ੇ ਗਲਾਡਾ ਦੀ ਅਧਿਕਾਰਤ ਵੈਬਸਾਈਟ 'ਤੇ ਉਪਲਬਧ ਹਨ, ਜੋ ਕਿ ਸੰਭਾਵੀ ਖਰੀਦਦਾਰਾਂ ਦੁਆਰਾ ਕੋਈ ਵੀ ਜਾਇਦਾਦ ਖਰੀਦਣ ਤੋਂ ਪਹਿਲਾਂ ਜਾਂਚੇ ਜਾ ਸਕਦੇ ਹਨ।

ਗਲਾਡਾ ਦੇ ਵਧੀਕ ਮੁੱਖ ਪ੍ਰਸ਼ਾਸਕ ਨੇ ਦੱਸਿਆ ਕਿ ਗੈਰ-ਕਾਨੂੰਨੀ ਕਲੋਨੀਆਂ 'ਤੇ ਕਾਰਵਾਈ ਦੀ ਮੁਹਿੰਮ ਚਲਾਉਣ ਦੇ ਨਾਲ-ਨਾਲ ਅਜਿਹੀਆਂ ਕਲੋਨੀਆਂ ਦੇ ਡਿਵੈਲਪਰਾਂ ਵਿਰੁੱਧ ਐਫ.ਆਈ.ਆਰ., ਕਲੋਨੀਆਂ ਵਿੱਚ ਪਲਾਟਾਂ ਦੀ ਰਜਿਸਟਰੀ ਨਾ ਕਰਵਾਉਣ ਲਈ ਸਬੰਧਤ ਤਹਿਸੀਲਦਾਰਾਂ, ਬਿਜਲੀ ਦੇ ਕੁਨੈਕਸ਼ਨ ਨਾ ਦੇਣ ਲਈ ਪੀ.ਐਸ.ਪੀ.ਸੀ.ਐਲ. ਨੂੰ ਵੀ ਅਗਾਊਂ ਸਿਫਾਰਸ਼ ਕੀਤੀ ਗਈ ਹੈ।

# ਪੂਰਵੀ ਓਂਟਾਰੀਓ ਵਿੱਚ ਬਲੂਬੇਰੀ ਦਾ ਸੀਜ਼ਨ ਸ਼ੁਰੂ

ਪੰਨਾ 1 ਦਾ ਬਾਕੀ

ਕਿਉਂਕਿ ਗਰਮੀਆਂ ਦੇ ਹਾਲੀਆ ਮੌਸਮ ਨੇ ਫਸਲ ਲਈ ਚੰਗੀ ਸ਼ੁਰੂਆਤ ਕੀਤੀ ਹੈ। ਬਲੂਬੇਰੀ ਲਈ, ਉਨ੍ਹਾਂ ਨੂੰ ਬਹੁਤ ਸਾਰਾ ਪਾਣੀ ਅਤੇ ਗਰਮੀ ਪਸੰਦ ਹੈ ਅਤੇ ਸਾਡੇ ਕੋਲ ਦੋਵੇਂ ਹਨ। ਇਸ ਲਈ ਇਹ ਬਲੂਬੇਰੀ ਲਈ ਇੱਕ ਵਧੀਆ ਮੌਸਮ ਰਿਹਾ ਹੈ। ਬਲੂਬੇਰੀ ਫ਼ਾਰਮ ਵਿੱਚ 18 ਵੱਖ-ਵੱਖ ਪ੍ਰਕਾਰ ਦੀ ਬਲੂਬੇਰੀਜ਼ ਉਗਾਈਆਂ ਜਾਂਦੀਆਂ ਹਨ ਜੋ ਪੂਰੇ ਮੌਸਮ ਵਿੱਚ ਵੱਖ-ਵੱਖ ਸਮੇਂ 'ਤੇ ਪੱਕਦੀਆਂ ਹਨ, ਜਿਨ੍ਹਾਂ ਦਾ ਸਵਾਦ ਵੀ ਵੱਖ-ਵੱਖ ਹੁੰਦਾ ਹੈ।

ਹਾਲੇ ਵੀ ਬੇਲ 'ਤੇ ਪੱਕੀਆਂ ਬਲੂਬੇਰੀਜ਼ ਨਾਲ ਬੇਰੀ ਤੋੜਨ ਵਾਲਿਆਂ ਨੂੰ ਬੇਲ ਉੱਤੇ ਹਰੇ ਅਤੇ ਸਫੇਦ ਰੰਗ ਦੀਆਂ ਕਈ ਬੇਰੀਜ਼ ਵਿਖਾਈ ਦੇਣਗੀਆਂ।

**TAX & ACCOUNTING**

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant



ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca

GroVerCPA Professional Corporation

214-7895 Tranmere Drive, Mississauga ON L5S 1V9

**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

**ਬਰਾੜ ਗਰਾਜ ਡੋਰ**

ਅਸੀਂ ਰੀਪੇਅਰ ਕਰਦੇ ਹਾਂ :




BROKEN SPRINGS
CABLES & ROLLERS
GARAGE DOOR OPENERS



We Install
Garage Door Openers

ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

**ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ**



Super Visa

- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also

Sponsor Your Family

MacroGlobal Immigration Services Ltd.
Seema Bhayana
ICCRC



Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

**SherGill Law Firm**
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill
(MBA,LL.B.)
Tel: 905-790-3636



2565 Steeles Ave E Unit #20, Brampton, ON L6T 4L6

Emergency Contact:
416.910.5676
www.shergilllawfirm.ca

# ਪੰਜਾਬ ਵੱਲੋਂ ਇੰਗਲੈਂਡ ਨੂੰ ਲੀਚੀ ਨਿਰਯਾਤ ਹੋਰ ਪ੍ਰਫੁੱਲਿਤ ਕਰਨ ਲਈ ਨਵੇਂ ਮੌਕਿਆਂ ਦੀ ਭਾਲ

## ਬਰਤਾਨੀਆ ਦੀ ਡਿਪਟੀ ਹਾਈ ਕਮਿਸ਼ਨਰ ਵੱਲੋਂ ਚੇਤਨ ਸਿੰਘ ਜੌੜਾਮਾਜਰਾ ਨਾਲ ਭਵਿੱਖੀ ਸਹਿਯੋਗ ਅਤੇ ਨਵੀਆਂ ਖੇਤੀ ਸਹਾਇਕ ਤਕਨੀਕਾਂ ਸਬੰਧੀ ਮੁਲਾਕਾਤ

ਚੰਡੀਗੜ੍ਹ, 11 ਜੁਲਾਈ (ਪੋਸਟ ਬਿਊਰੋ): ਪੰਜਾਬ ਦੀ ਲੀਚੀ ਦੀ ਪਹਿਲੀ ਖੇਪ ਹਾਲ ਹੀ ਵਿੱਚ ਇੰਗਲੈਂਡ ਨੂੰ ਸਫ਼ਲਤਾਪੂਰਵਕ ਐਕਸਪੋਰਟ ਕਰਨ ਤੋਂ ਬਾਅਦ ਅੱਜ ਇੰਗਲੈਂਡ (ਯੂ.ਕੇ.) ਦੀ ਡਿਪਟੀ ਹਾਈ ਕਮਿਸ਼ਨਰ ਸ੍ਰੀਮਤੀ ਕੈਰੋਲਿਨ ਰੋਵੇਟ ਵੱਲੋਂ ਪੰਜਾਬ ਦੇ ਬਾਗ਼ਬਾਨੀ ਮੰਤਰੀ ਸ. ਚੇਤਨ ਸਿੰਘ ਜੌੜਾਮਾਜਰਾ ਨਾਲ ਮੁਲਾਕਾਤ ਕਰਕੇ ਭਵਿੱਖ ਵਿੱਚ ਲੀਚੀ ਦੇ ਨਿਰਯਾਤ ਸਬੰਧੀ ਅਗਲੇਰੀ ਰਣਨੀਤੀ ਅਤੇ ਖੇਤੀ ਸਹਾਇਕ ਤਕਨੀਕਾਂ ਨੂੰ ਸਾਂਝਾ ਤੇ ਉਤਸ਼ਾਹਿਤ ਕਰਨ ਦੇ ਮੱਦੇਨਜ਼ਰ ਵਿਚਾਰ-ਵਟਾਂਦਰਾ ਕੀਤਾ ਗਿਆ।

ਪੰਜਾਬ ਤੋਂ ਖੇਤੀਬਾੜੀ ਨਾਲ ਸਬੰਧਤ ਨਿਰਯਾਤ ਸੰਭਾਵਨਾਵਾਂ ਨੂੰ ਵਧਾਉਣ ਅਤੇ ਕੌਮਾਂਤਰੀ ਸਹਿਯੋਗ ਨੂੰ ਉਤਸ਼ਾਹਿਤ ਕਰਨ ’ਤੇ ਕੇਂਦਰਿਤ ਇਸ ਉੱਚ ਪੱਧਰੀ ਮੀਟਿੰਗ ਦੌਰਾਨ ਸ. ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਉਤਪਾਦਾਂ ਨੂੰ ਆਲਮੀ ਪੱਧਰ ’ਤੇ ਬਣਦੀ ਥਾਂ ਦਿਵਾਉਣ ਦੀ ਦੂਰ-ਦਰਸ਼ੀ ਸੋਚ ਰੱਖਦੀ ਹੈ। ਇਸ ਦਿਸ਼ਾ 'ਚ ਹਾਲ ਹੀ ਵਿੱਚ ਸੂਬੇ ਤੋਂ ਲੀਚੀ ਐਕਸਪੋਰਟ ਕਰਨ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਰਾਜ ਦੇ ਉਤਪਾਦਾਂ ਨੂੰ ਦੁਨੀਆਂ ਭਰ ਦੇ ਨਵੇਂ ਬਾਜ਼ਾਰਾਂ ਵਿੱਚ ਹੋਰ ਪ੍ਰਫੁੱਲਿਤ ਕਰਨ ਮੱਦੇਨਜ਼ਰ ਸਰਕਾਰ ਦੀ ਇਹ ਪਹਿਲਕਦਮੀ ਇੱਕ ਨਵੇਕਲੀ ਉਦਾਹਰਣ ਹੈ ।

ਮੀਟਿੰਗ ਦੌਰਾਨ ਪੰਜਾਬ ਦੇ ਨਿਰਯਾਤ ਲਈ ਏਕੀਕ੍ਰਿਤ ਬ੍ਰਾਂਡ ਦੇ ਵਿਕਾਸ ਸਣੇ ਸੂਰਜੀ ਊਰਜਾ, ਆਰਟੀਫੀਸ਼ੀਅਲ ਇੰਟੈਲੀਜੈਂਸ ਤੇ ਡਰੋਨ ਮੈਪਿੰਗ, ਖੇਤੀ ਦੀਆਂ ਉੱਨਤ ਤਕਨੀਕਾਂ, ਖੇਤੀ ਕਾਰੋਬਾਰ ਉੱਦਮਾਂ ਸਬੰਧੀ ਮੌਕੇ ਅਤੇ ਕਾਰਬਨ ਅਤੇ ਵਾਟਰ ਕ੍ਰੈਡਿਟ ਦੀ ਖੋਜ ਬਾਰੇ ਸੰਭਾਵੀ ਸਹਿਯੋਗ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ।

ਰੋਵੇਟ ਨੇ ਲੀਚੀ ਨਿਰਯਾਤ ਪ੍ਰੋਗਰਾਮ ਵਿੱਚ ਡੂੰਘੀ ਦਿਲਚਸਪੀ ਜ਼ਾਹਰ ਕੀਤੀ ਅਤੇ ਪੰਜਾਬ ਅਤੇ ਬਰਤਾਨੀਆ ਦਰਮਿਆਨ ਭਵਿੱਖੀ ਸਹਿਯੋਗ ਲਈ ਅਗਲੇਰੀ ਰੂਪ-ਰੇਖਾ ਉਲੀਕਣ ਦਾ ਭਰੋਸਾ ਦਿੱਤਾ।



ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਸੂਬੇ ਤੋਂ ਲੀਚੀ ਦੀ ਅਗਲੀ ਵੱਡੀ ਖੇਪ ਛੇਤੀ ਇੰਗਲੈਂਡ ਨੂੰ ਐਕਸਪੋਰਟ ਕੀਤੀ ਜਾਵੇਗੀ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਖੇਤੀਬਾੜੀ ਅਤੇ ਪ੍ਰੋਸੈਸਡ ਫੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਟੀ (ਅਪੇਡਾ) ਦੇ ਸਹਿਯੋਗ ਨਾਲ ਹਾਲ ਹੀ ਵਿੱਚ ਸ਼ੁਰੂ ਕੀਤਾ ਗਿਆ ਲੀਚੀ ਨਿਰਯਾਤ ਪੰਜਾਬ ਦੇ ਖੇਤੀਬਾੜੀ ਖੇਤਰ ਦੇ ਵਿਕਾਸ ਲਈ ਇੱਕ ਅਹਿਮ ਮੀਲ ਪੱਥਰ ਸਾਬਤ ਹੋਇਆ ਹੈ। ਸੂਬੇ ਦੇ ਨੀਮ-ਪਹਾੜੀ ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਤੋਂ ਐਕਸਪੋਰਟ ਕੀਤੀ ਗਈ ਲੀਚੀ ਇਸ ਖੇਤਰ ਦੇ ਅਨੁਕੂਲ ਮਾਹੌਲ ਕਰਕੇ ਆਪਣੇ ਗੂੜ੍ਹੇ ਲਾਲ ਰੰਗ ਅਤੇ ਚੋਖੀ ਮਿਠਾਸ ਕਾਰਨ ਮਸ਼ਹੂਰ ਹੈ।

ਦੱਸ ਦੇਈਏ ਕਿ ਪੰਜਾਬ ਵਿੱਚ ਲੀਚੀ ਦੀ ਕਾਸ਼ਤ 3,250 ਹੈਕਟੇਅਰ ਰਕਬੇ ਵਿੱਚ ਕੀਤੀ ਜਾਂਦੀ ਹੈ, ਜਿਥੋਂ ਲਗਭਗ 13,000 ਮੀਟਰਕ ਟਨ ਸਾਲਾਨਾ ਲੀਚੀ ਦੀ ਪੈਦਾਵਾਰ ਹੁੰਦੀ ਹੈ, ਜਿਸ ਸਦਕਾ ਪੰਜਾਬ ਨੂੰ ਵਿਸ਼ਵ ਲੀਚੀ ਮੰਡੀ ਵਿੱਚ ਵੱਡੇ ਕਾਸ਼ਤਕਾਰ ਵਜੋਂ ਸਥਾਨ ਪ੍ਰਾਪਤ ਹੈ। ਮੀਟਿੰਗ ਵਿੱਚ ਡਾਇਰੈਕਟਰ ਬਾਗ਼ਬਾਨੀ ਸ੍ਰੀਮਤੀ ਸ਼ੈਲਿੰਦਰ ਕੌਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।







## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com







## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ।
ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4”, ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਪਰਾਲੀ ਪ੍ਰਬੰਧਨ ਲਈ ਮੁਹੱਈਆ ਕਰਵਾਈਆਂ ਜਾਣਗੀਆਂ 22 ਹਜ਼ਾਰ ਤੋਂ ਵੱਧ ਮਸ਼ੀਨਾਂ

**ਗੁਰਮੀਤ ਸਿੰਘ ਖੁੱਡੀਆਂ ਵੱਲੋਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਅਗਸਤ ਦੇ ਅੰਤ ਤੱਕ ਲਾਭਪਾਤਰੀ ਕਿਸਾਨਾਂ ਨੂੰ ਮਸ਼ੀਨਾਂ ਦੀ ਬਣਦੀ ਸਬਸਿਡੀ ਜਾਰੀ ਕਰਨ ਦੇ ਨਿਰਦੇਸ਼**

ਚੰਡੀਗੜ੍ਹ, 11 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਕਿਸਾਨਾਂ ਨੂੰ ਸਬਸਿਡੀ 'ਤੇ 22,000 ਤੋਂ ਵੱਧ ਸੀ.ਆਰ.ਐਮ. ਮਸ਼ੀਨਾਂ ਮੁਹੱਈਆ ਕਰਵਾਏਗੀ।



ਖੇਤੀਬਾੜੀ ਮੰਤਰੀ ਨੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਅਤੇ ਪ੍ਰੋਜੈਕਟਾਂ ਦੀ ਸਮੀਖਿਆ ਲਈ ਇੱਥੇ ਕਿਸਾਨ ਭਵਨ ਵਿਖੇ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਇਹ ਯਕੀਨੀ ਬਣਾਉਣ ਕਿ ਸਬਸਿਡੀ ਵਾਲੀਆਂ ਪਰਾਲੀ ਪ੍ਰਬੰਧਨ ਮਸ਼ੀਨਾਂ ਲਈ ਡਰਾਅ ਇਸ ਮਹੀਨੇ ਦੇ ਅੰਦਰ-ਅੰਦਰ ਕੱਢੇ ਜਾਣ ਅਤੇ ਝੋਨੇ ਦੀ ਕਟਾਈ ਸ਼ੁਰੂ ਹੋਣ ਤੋਂ ਪਹਿਲਾਂ ਅਗਸਤ, 2024 ਦੇ ਅੰਤ ਤੱਕ ਲਾਭਪਾਤਰੀ ਕਿਸਾਨਾਂ ਨੂੰ ਸਬਸਿਡੀ ਜਾਰੀ ਕੀਤੀ ਜਾਵੇ ਤਾਂ ਜੋ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਪੂਰੀ ਤਰ੍ਹਾਂ ਨੱਥ ਪਾਈ ਜਾ ਸਕੇ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਝੋਨੇ ਦੀ ਕਟਾਈ ਦੇ ਸੀਜ਼ਨ 2024-25 ਦੌਰਾਨ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਸਬਸਿਡੀ 'ਤੇ ਮਸ਼ੀਨਾਂ ਮੁਹੱਈਆ ਕਰਾਉਣ ਲਈ 500 ਕਰੋੜ ਰੁਪਏ ਦੀ ਕਾਰਜ ਯੋਜਨਾ ਤਿਆਰ ਕੀਤੀ ਹੈ। ਵਿਅਕਤੀਗਤ ਕਿਸਾਨ ਸੀ.ਆਰ.ਐਮ. ਮਸ਼ੀਨ ਦੀ ਲਾਗਤ 'ਤੇ 50 ਫੀਸਦੀ ਸਬਸਿਡੀ ਦਾ ਲਾਭ ਲੈ ਸਕਦੇ ਹਨ, ਜਦੋਂਕਿ ਸਹਿਕਾਰੀ ਸਭਾਵਾਂ, ਐਫ.ਪੀ.ਓਜ਼. ਅਤੇ ਪੰਚਾਇਤਾਂ ਲਈ ਇਹ ਸਬਸਿਡੀ 80 ਫੀਸਦ ਹੋਵੇਗੀ।

ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਨੂੰ ਭਰਵਾਂ ਹੁੰਗਾਰਾ ਦੇਣ ਲਈ ਸੂਬੇ ਦੇ ਕਿਸਾਨਾਂ ਦੀ ਸ਼ਲਾਘਾ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬੇ ਵਿੱਚ 28 ਫੀਸਦੀ ਵਾਧਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ 2.20 ਲੱਖ ਏਕੜ ਰਕਬੇ ਵਿੱਚ ਸਿੱਧੀ ਬਿਜਾਈ ਕੀਤੀ ਜਾ ਚੁੱਕੀ ਹੈ, ਜੋ ਕਿ 2023 ਵਿੱਚ ਕੁੱਲ 1.72 ਲੱਖ ਏਕੜ ਸੀ।

ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਸੀਜ਼ਨ ਦੌਰਾਨ ਸਿੱਧੀ ਬਿਜਾਈ ਅਧੀਨ 5 ਲੱਖ ਏਕੜ ਦੇ ਟੀਚੇ ਦੀ ਪ੍ਰਾਪਤੀ ਲਈ ਹਰ ਸੰਭਵ ਯਤਨ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਲਈ 1500 ਰੁਪਏ ਪ੍ਰਤੀ ਏਕੜ ਵਿੱਤੀ ਸਹਾਇਤਾ ਵੀ ਦਿੱਤੀ ਜਾ ਰਹੀ ਹੈ।

ਉਨ੍ਹਾਂ ਨੇ ਸੂਬੇ ਵਿੱਚ ਸਾਉਣੀ ਦੀ ਮੱਕੀ ਦੀ ਬਿਜਾਈ ਸਬੰਧੀ ਸਥਿਤੀ ਦਾ ਵੀ ਜਾਇਜ਼ਾ ਲਿਆ, ਜਿਸ ਲਈ ਸੂਬਾ ਸਰਕਾਰ ਮੱਕੀ ਦੇ ਪ੍ਰਤੀ 1 ਕਿਲੋਗ੍ਰਾਮ ਹਾਈਬ੍ਰਿਡ ਬੀਜ ਦੀ ਖਰੀਦ ਪਿੱਛੇ 100 ਰੁਪਏ ਸਬਸਿਡੀ ਦੇ ਰਹੀ ਹੈ। ਡਾਇਰੈਕਟਰ ਖੇਤੀਬਾੜੀ ਜਸਵੰਤ ਸਿੰਘ ਨੇ ਕੈਬਨਿਟ ਮੰਤਰੀ ਨੂੰ ਦੱਸਿਆ ਕਿ ਸਾਉਣੀ ਦੀ ਮੱਕੀ ਦੀ ਹੁਣ ਤੱਕ 1 ਲੱਖ ਏਕੜ ਰਕਬੇ ਵਿੱਚ ਬਿਜਾਈ ਹੋ ਚੁੱਕੀ ਹੈ ਅਤੇ ਉਨ੍ਹਾਂ ਨੇ ਮੰਤਰੀ ਨੂੰ ਭਰੋਸਾ ਦਿੱਤਾ ਕਿ ਸਾਉਣੀ ਦੀ ਮੱਕੀ ਅਧੀਨ ਦੋ ਲੱਖ ਏਕੜ ਰਕਬੇ ਨੂੰ ਲਿਆਉਣ ਦਾ ਟੀਚਾ ਜਲਦੀ ਪੂਰਾ ਕੀਤਾ ਜਾਵੇਗਾ।

ਵਿਭਾਗ ਦੇ ਅਧਿਕਾਰੀਆਂ ਨੂੰ ਨਕਲੀ ਅਤੇ ਗ਼ੈਰ-ਮਿਆਰੀ ਖੇਤੀਬਾੜੀ ਨਾਲ ਸਬੰਧਤ ਵਸਤੂਆਂ ਦੀ ਵਿਕਰੀ ਖ਼ਿਲਾਫ਼ ਕਾਰਵਾਈ ਜਾਰੀ ਰੱਖਣ ਲਈ ਆਖਦਿਆਂ ਖੇਤੀਬਾੜੀ ਮੰਤਰੀ ਨੇ ਸਪੱਸ਼ਟ ਕੀਤਾ ਕਿ ਕਿਸੇ ਨੂੰ ਵੀ ਕਿਸਾਨਾਂ ਦੇ ਹਿੱਤਾਂ ਨਾਲ ਖਿਲਵਾੜ ਨਹੀਂ ਕਰਨ ਦਿੱਤਾ ਜਾਵੇਗਾ ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਮਿਆਰੀ ਬੀਜ, ਖਾਦਾਂ ਅਤੇ ਕੀਟਨਾਸ਼ਕ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਇਸ ਮੀਟਿੰਗ ਵਿੱਚ ਜੁਆਇੰਟ ਡਾਇਰੈਕਟਰ ਇੰਜਨੀਅਰਿੰਗ ਜਗਦੀਸ਼ ਸਿੰਘ, ਜੁਆਇੰਟ ਡਾਇਰੈਕਟਰ (ਪਲਾਂਟ ਪ੍ਰੋਟੈਕਸ਼ਨ) ਨਰਿੰਦਰ ਸਿੰਘ ਬੈਨੀਪਾਲ, ਜੁਆਇੰਟ ਡਾਇਰੈਕਟਰ ਅੰਕੜਾ ਹਰਪ੍ਰੀਤ ਕੌਰ, ਜੁਆਇੰਟ ਡਾਇਰੈਕਟਰ ਪਸਾਰ ਤੇ ਸਿਖਲਾਈ ਦਿਲਬਾਗ ਸਿੰਘ, ਜੁਆਇੰਟ ਡਾਇਰੈਕਟਰ (ਇਨ-ਪੁਟਸ) ਗੁਰਜੀਤ ਬਰਾੜ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਬਾਲ ਭਿੱਖਿਆ ਰੋਕਥਾਮ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਕੀਤੀ ਗਈ ਚੈਕਿੰਗ



ਫਿਰੋਜ਼ਪੁਰ 11 ਜੁਲਾਈ (ਗਿਆਨ ਸਿੰਘ): ਬਾਲ ਅਧਿਕਾਰ ਰੱਖਿਆ ਕਮਿ-ਸ਼ਨ ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਜ਼ਲ੍ਹਿ ਪ੍ਰੋਗਰਾਮ ਅਫਸਰ ਰੀਚੀਕਾ ਨੰਦਾ ਦੇ ਦਿਸ਼ਾ ਨਿਰਦੇਸ਼ ਹੇਠ ਜ਼ਲ੍ਹਿ ਬਾਲ ਸੁਰੱਖਿਆ ਯੂਨਿਟ ਫਿਰੋਜ਼ਪੁਰ ਵੱਲੋਂ ਪੁਲਿਸ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਮਮਦੋਟ ਅਤੇ ਜ਼ੀਰਾ ਦੇ ਸਲਮ ਏਰੀਏ ਵਿਖੇ ਬਾਲ ਭਿੱਖਿਆ ਦੀ ਰੋਕਥਾਮ ਸਬੰਧੀ ਚੈਕਿੰਗ ਕੀਤੀ ਗਈ। ਇਸ ਦੌਰਾਨ ਭੀਖ ਮੰਗ ਰਹੇ ਬੱਚਿਆਂ ਦੇ ਮਾਪਿਆ ਨਾਲ ਤਾਲਮੇਲ ਕਰ ਕੇ ਬੱਚਿਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਦੀ ਕਾਊਸਲਿੰਗ ਕੀਤੀ ਗਈ।

ਇਸ ਦੌਰਾਨ ਟੀਮ ਵੱਲੋਂ ਮਾਤਾ-ਪਿਤਾ ਨੂੰ ਆਪਣੇ ਬੱਚਿਆਂ ਨੂੰ ਭੀਖ ਨਾ ਮੰਗਵਾਉਣ ਅਤੇ ਬਾਲ ਮਜ਼ਦੂਰੀ ਨਾ ਕਰਵਾ ਕੇ ਉਨ੍ਹਾਂ ਦੀ ਚੰਗੀ ਸਿੱਖਿਆ ਲਈ ਸਕੂਲ ਭੇਜਣ ਲਈ ਕਿਹਾ ਗਿਆ ਅਤੇ ਨਾਲ ਹੀ ਉਨ੍ਹਾਂ ਨੂੰ ਹਦਾਇਤ ਕੀਤੀ ਗਈ ਕਿ ਬੱਚਿਆ ਨੂੰ ਭੀਖ ਮੰਗਵਾਉਣ ਤੋਂ ਰੋਕਿਆ ਜਾਵੇ। ਇਹ ਸਾਰੇ ਬੱਚੇ ਹੀ ਦੂਸਰੇ ਰਾਜ (ਮੱਧ ਪ੍ਰਦੇਸ਼) ਨਾਲ ਸਬੰਧਿਤ ਸਨ। ਇਸ ਤੋਂ ਇਲਾਵਾ ਮਾਤਾ-ਪਿਤਾ ਨੂੰ ਉਨ੍ਹਾਂ ਦੇ ਰਾਜ ਵਿੱਚ ਬੱਚਿਆ ਨਾਲ ਸਬੰਧਿਤ ਦਿੱਤੀਆ ਜਾਣ ਵਾਲੀਆ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਵੀ ਦਿੱਤੀ ਗਈ। ਇਲਾਕੇ ਦੇ ਸਲੱਮ ਏਰੀਆ ਵਿੱਚ ਜਾ ਕੇ ਬੱਚਿਆ ਦੇ ਮਾਤਾ-ਪਿਤਾ ਨਾਲ ਗੱਲਬਾਤ ਕਰਕੇ ਬੱਚਿਆ ਦਾ ਵੇਰਵਾ ਵੀ ਨੋਟ ਕੀਤਾ ਗਿਆ।

ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਫਿਰੋਜ਼ਪੁਰ ਸ੍ਰੀਮਤੀ ਜਸਵਿੰਦਰ ਕੌਰ ਨੇ ਦੱਸਿਆ ਕਿ ਬੱਚਿਆ ਦੀ ਸੁਰੱਖਿਆ ਅਤੇ ਦੇਖਭਾਲ ਲਈ ਬਾਲ ਸੁਰੱਖਿਆ ਦਫਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ ਅਤੇ ਚਾਈਲਡ ਹੈਲਪ ਲਾਈਨ ਨੰਬਰ 1098 ਤੇ ਫੋਨ ਕਰਕੇ ਵੀ ਇਸ ਸਬੰਧੀ ਕੋਈ ਵੀ ਜਾਣਕਾਰੀ ਲਈ ਜਾ ਸਕਦੀ ਹੈ। ਇਸ ਮੌਕੇ ਸੀਮਾ ਰਾਣੀ, ਸਤਨਾਮ ਸਿੰਘ, ਅਸ਼ੀਸ਼ ਕੁਮਾਰ, ਕਵਿਤਾ ਰਾਣੀ, ਏ.ਐਸ.ਆਈ ਸੁਖਚੈਨ ਸਿੰਘ, ਏ.ਐਸ.ਆਈ ਸਤਵੰਤ ਸਿੰਘ, ਸੁਖਵਿੰਦਰ ਸਿੰਘ, ਉਸ਼ਾ ਰਾਣੀ, ਸੁਖਵਿੰਦਰ ਕੌਰ, ਸਵਰਨਜੀਤ ਕੌਰ ਬਾਲ ਭਲਾਈ ਕਮੇਟੀ ਫਿਰੋਜ਼ਪੁਰ ਮੌਜੂਦ ਸਨ।

# ਕਿਸਾਨ ਭਵਨ ਚੰਡੀਗੜ੍ਹ ਵਿਖੇ ਜੇਹਲਮ ਹਾਲ ਦਾ ਕੀਤਾ ਉਦਘਾਟਨ

**ਆਧੁਨਿਕ ਸੁਵਿਧਾਵਾਂ ਤੋਂ ਭਰਪੂਰ ਜੇਹਲਮ ਹਾਲ ਨੂੰ ਕਿੱਟੀ ਪਾਰਟੀਆਂ ਲਈ ਵਿਸ਼ੇਸ਼ ਤੌਰ 'ਤੇ ਕੀਤਾ ਗਿਆ ਹੈ ਤਿਆਰ**



ਚੰਡੀਗੜ੍ਹ, 11 ਜੁਲਾਈ (ਗਿਆਨ ਸਿੰਘ): ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਅੱਜ ਕਿਸਾਨ ਭਵਨ, ਸੈਕਟਰ 35-ਏ, ਚੰਡੀਗੜ੍ਹ ਵਿਖੇ ਜੇਹਲਮ ਹਾਲ ਦਾ ਉਦਘਾਟਨ ਕੀਤਾ ਗਿਆ। ਜਿਸਨੂੰ ਆਮ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਕਿੱਟੀ ਪਾਰਟੀਆਂ ਸਮੇਤ ਹੋਰ ਛੋਟੇ ਪ੍ਰੋਗਰਾਮਾਂ ਲਈ ਵਿਸ਼ੇਸ਼ ਤੌਰ ਤੇ ਤਿਆਰ ਕੀਤਾ ਗਿਆ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਸ. ਬਰਸਟ ਨੇ ਦੱਸਿਆ ਕਿ ਇਸ ਹਾਲ ਵਿੱਚ 25-30 ਲੋਕਾਂ ਦੇ ਪਾਰਟੀ ਕਰਨ ਦੀ ਵਿਵਸਥਾ ਕੀਤੀ ਗਈ ਹੈ, ਜਿਨ੍ਹਾਂ ਲਈ ਹਾਲ ਵਿੱਚ ਐਲ.ਈ.ਡੀ. ਟੀਵੀ, ਡੀ.ਜੇ. ਮਿਊਜਿਕ ਅਤੇ ਲਾਇਟ ਸਿਸਟਮ ਵੀ ਲਗਾਇਆ ਗਿਆ ਹੈ।

ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿਸਾਨ ਭਵਨ ਵਿਖੇ ਕਮਰਿਆਂ ਲਈ 24 ਘੰਟੇ ਬੁਕਿੰਗ ਖੁੱਲੀ ਹੈ। ਇਸਦੇ ਨਾਲ ਹੀ ਪੰਜ-ਆਬ ਰੈਸਟੋਰੈਂਟ ਨੂੰ ਵੀ 24 ਘੰਟੇ ਖੋਲਿਆ ਜਾ ਰਿਹਾ ਹੈ। ਕਿਸਾਨ ਭਵਨ, ਚੰਡੀਗੜ੍ਹ 3 ਏਕੜ ਜ਼ਮੀਨ ਵਿੱਚ ਫੈਲਿਆ ਹੋਇਆ ਹੈ। ਲੋਕਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਇੱਥੇ 100 ਤੋਂ ਵੱਧ ਗੱਡੀਆਂ ਦੀ ਪਾਰਕਿੰਗ ਲਈ ਜਗ੍ਹਾਂ ਮੁਹੱਇਆ ਕਰਵਾਈ ਗਈ ਹੈ। ਆਧੁਨਿਕ ਸਹੂਲਤਾਂ ਤੋਂ ਭਰਪੂਰ ਤੇ ਪੂਰੀ ਤਰ੍ਹਾਂ ਏਅਰ ਕੰਡੀਸ਼ਨਡ 40 ਬੈੱਡਰੂਮ ਅਤੇ 115 ਡੌਰਮੈਟਰੀ ਬੈੱਡ ਹਨ, ਜਿਨ੍ਹਾਂ ਵਿੱਚ ਟੈਲੀਵਿਜ਼ਨ ਦੇ ਨਾਲ-ਨਾਲ ਸਟੱਡੀ ਟੇਬਲ ਦੀ ਵੀ ਸੁਵਿਧਾ ਦਿੱਤੀ ਗਈ ਹੈ। ਰਾਵੀ ਤੇ ਚਿਨਾਬ ਨਾਂ ਦੇ ਦੋ ਕਾਨਫਰੰਸ ਹਾਲ, ਜਿਨ੍ਹਾਂ ਵਿੱਚ 40 ਤੋਂ ਲੈ ਕੇ 100 ਲੋਕਾਂ ਤੱਕ ਭਾਗ ਲੈਣ ਦੀ ਵਿਵਸਥਾ ਹੈ ਅਤੇ ਸਤਲੁਜ ਤੇ ਬਿਆਸ ਨਾਂ ਦੇ ਵੱਡੇ ਪਾਰਟੀ ਹਾਲ ਵੀ ਇੱਥੇ ਮੌਜੂਦ ਹਨ, ਜਿਨ੍ਹਾਂ ਵਿੱਚ 150 ਤੋਂ ਲੈ ਕੇ 1000 ਤੱਕ ਦੀ ਗਿਣਤੀ ਤੱਕ ਲੋਕ ਸ਼ਾਮਲ ਹੋ ਸਕਦੇ ਹਨ। ਇਸ ਦੇ ਨਾਲ ਹੀ ਖਾਣਾ ਖਾਉਣ ਦੇ ਲਈ ਵੱਡਾ ਏਅਰ-ਕੰਡੀਸ਼ਨਡ ਡਾਇਨਿੰਗ ਹਾਲ ਵੀ ਹੈ। ਲੋਕਾਂ ਦੀ ਸਹੂੱਲਤ ਲਈ ਏ.ਟੀ.ਐਮ. ਵੀ ਲੱਗਾ ਹੋਇਆ ਹੈ। ਹਵਾ ਪ੍ਰਦੂਸ਼ਣ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਹੀ ਘਟਾਇਆ ਜਾ ਸਕਦਾ ਹੈ, ਜਿਸਨੂੰ ਧਿਆਨ ਵਿੱਚ ਰੱਖਦੇ ਹੋਏ ਜਿੱਥੇ ਕਿਸਾਨ ਭਵਨ ਦੇ 7880 ਵਰਗ ਫੁੱਟ ਖੇਤਰ ਵਿੱਚ 36 ਵੱਖ-ਵੱਖ ਕਿਸਮਾਂ ਦੇ 700 ਰੁੱਖਾਂ ਦਾ ਜੰਗਲ ਲਗਾਇਆ ਗਿਆ ਹੈ, ਉੱਥੇ ਹੀ ਹਰੇ ਭਰੇ ਲਾਅਨ ਅਤੇ ਲੈਂਡਸਕੇਪਿੰਗ ਖੇਤਰ ਵੀ ਹਨ। ਉਨ੍ਹਾਂ ਦੱਸਿਆ ਕਿ ਕਿਸਾਨ ਹਵੇਲੀ, ਸ੍ਰੀ ਆਨੰਦਪੁਰ ਸਾਹਿਬ (ਰੋਪੜ) ਵਿਖੇ ਆਧੁਨਿਕ ਸੁਵਿਧਾਵਾਂ ਤੋਂ ਭਰਪੂਰ ਕੁੱਲ 14 ਕਮਰੇ ਹਨ।

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਦੱਸਿਆ ਕਿ ਵਿੱਤੀ ਸਾਲ 2023-24 ਦੌਰਾਨ ਕਿਸਾਨ ਭਵਨ ਦੇ ਕਮਰਿਆਂ/ਹਾਲਾਂ ਤੋਂ 3,74,51,573 ਰੁਪਏ ਦੀ ਆਮਦਨ ਹੋਈ ਹੈ, ਜਦਕਿ ਪਿਛਲੇ ਮਹੀਨੇ (ਜੂਨ) ਵਿੱਚ 39,27,354 ਰੁਪਏ ਦੀ ਆਮਦਨ ਹੋਈ ਹੈ।

kisanbhawan.emandikaran-pb.in ਵੈੱਬਸਾਈਟ ਰਾਹੀਂ ਕਿਸਾਨ ਭਵਨ ਅਤੇ ਕਿਸਾਨ ਹਵੇਲੀ ਵਿੱਚ ਬੁਕਿੰਗ ਕਰਵਾਉਣ ਦੇ ਨਾਲ-ਨਾਲ ਵਧੇਰੀ ਜਾਣਕਾਰੀ ਵੀ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਲੋਕਾਂ ਦੀ ਭਲਾਈ ਲਈ ਹਮੇਸ਼ਾ ਯਤਨਸ਼ੀਲ ਹੈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀ ਬਿਹਤਰੀ ਵਾਸਤੇ ਕਾਰਜ ਕਰਦੀ ਰਹੇਗੀ। ਇਸ ਮੌਕੇ ਗੀਤਿਕਾ ਸਿੰਘ ਸੰਯੁਕਤ ਸਕੱਤਰ, ਗੁਰਿੰਦਰ ਸਿੰਘ ਚੀਮਾ ਚੀਫ਼ ਇੰਜੀਨਿਅਰ, ਮਨਜੀਤ ਸਿੰਘ ਸੰਧੂ ਜੀ.ਐਮ., ਪਰਮਜੀਤ ਸਿੰਘ ਚੀਫ਼ ਓਪਰੇਟਿੰਗ ਅਫ਼ਸਰ ਕਿਸਾਨ ਭਵਨ, ਵਰਨ ਸਿੰਘ ਡੀ.ਜੀ.ਐਮ. (ਮਾਰਕ-ਟਿੰਗ), ਭਜਨ ਕੌਰ ਡੀ.ਜੀ.ਐਮ. (ਅਸਟੇਟ), ਜਸਬੀਰ ਕੌਰ ਡੀ.ਟੀ.ਪੀ, ਪਰਵੇਜ਼ ਸਿੰਘ ਚੌਹਾਨ ਕੇਅਰ ਟੇਕਰ ਕਿਸਾਨ ਭਵਨ ਸਹਿਤ ਸਮੂਹ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ।

# ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਹੱਡਾ-ਰੋੜੀਆਂ ਦੇ ਸੁਚੱਜੇ ਪ੍ਰਬੰਧਨ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ

ਚੰਡੀਗੜ੍ਹ, 11 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਸੂਬੇ ਭਰ ਦੇ ਪਿੰਡਾਂ ਵਿੱਚ ਸਥਿਤ ਹੱਡਾ-ਰੋੜੀਆਂ ਦੇ ਢੁਕਵੇਂ ਪ੍ਰਬੰਧਨ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ।



ਪੇਂਡੂ ਖੇਤਰਾਂ ਵਿੱਚ ਜਨਤਕ ਸਿਹਤ, ਸਾਫ਼-ਸਫ਼ਾਈ ਅਤੇ ਸਰਕਾਰੀ ਜ਼ਮੀਨਾਂ ਦੀ ਸੁਚੱਜੀ ਵਰਤੋਂ ਬਾਰੇ ਵਧ ਰਹੀਆਂ ਚਿੰਤਾਵਾਂ ਨੂੰ ਦੂਰ ਕਰਨ ਦੇ ਮਨਸ਼ੇ ਨਾਲ ਕੈਬਨਿਟ ਮੰਤਰੀ ਨੇ ਪੰਚਾਇਤ ਵਿਭਾਗ ਦੇ ਸਾਰੇ ਖੇਤਰੀ ਦਫ਼ਤਰਾਂ ਦੇ ਅਧਿਕਾਰੀਆਂ ਨੂੰ ਇਕ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਸਰਵੇਖਣ ਕਰਨ ਅਤੇ ਆਪਣੇ ਅਧਿਕਾਰ-ਖੇਤਰ ਅਧੀਨ ਆਉਂਦੇ ਪਿੰਡਾਂ ਵਿੱਚ ਹੱਡਾ-ਰੋੜੀਆਂ ਲਈ ਨਿਰਧਾਰਤ ਥਾਵਾਂ ਦੀ ਸ਼ਨਾਖ਼ਤ ਅਤੇ ਨਿਸ਼ਾਨਦੇਹੀ ਕਰਨ ਲਈ ਵੀ ਕਿਹਾ।

ਲਾਲਜੀਤ ਸਿੰਘ ਭੁੱਲਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੂਬੇ ਦੇ ਸਾਰੇ ਪਿੰਡਾਂ ਵਿੱਚ ਮੁਰਦਾ ਪਸ਼ੂਆਂ ਦੇ ਢੁਕਵੇਂ ਨਿਪਟਾਰੇ ਲਈ ਮੌਜੂਦਾ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾਵੇ ਅਤੇ ਇਸ ਸਬੰਧੀ ਵਿਸਥਾਰਤ ਰਿਪੋਰਟ ਉਨ੍ਹਾਂ ਦੇ ਦਫ਼ਤਰ ਵਿਖੇ ਭੇਜਣੀ ਯਕੀਨੀ ਬਣਾਈ ਜਾਵੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਪੰਜਾਬ ਦੇ ਵੱਖ-ਵੱਖ ਪਿੰਡਾਂ ਦੇ ਕੀਤੇ ਗਏ ਦੌਰਿਆਂ ਦੌਰਾਨ ਇਹ ਪਾਇਆ ਗਿਆ ਕਿ ਮੁਰਦਾ ਪਸ਼ੂਆਂ ਦੇ ਨਿਪਟਾਰੇ ਲਈ ਨਿਰਧਾਰਤ ਥਾਵਾਂ ਅਣਵਰਤੀਆਂ ਛੱਡੀਆਂ ਗਈਆਂ ਹਨ ਅਤੇ ਇਨ੍ਹਾਂ ਥਾਵਾਂ 'ਤੇ ਨਾਜਾਇਜ਼ ਕਬਜ਼ੇ ਕੀਤੇ ਹੋਏ ਹਨ। ਇਸ ਕਾਰਨ ਪਸ਼ੂ ਪਾਲਕਾਂ ਵੱਲੋਂ ਮਰੇ ਹੋਏ ਪਸ਼ੂਆਂ ਦੇ ਨਿਪਟਾਰੇ ਲਈ ਪਸ਼ੂਆਂ ਨੂੰ ਸੜਕਾਂ ਤੇ ਨਹਿਰਾਂ ਕਿਨਾਰੇ ਅਤੇ ਰਿਹਾਇਸ਼ੀ ਇਲਾਕਿਆਂ ਦੇ ਨੇੜੇ ਹੀ ਸੁੱਟ ਦਿੱਤਾ ਜਾਂਦਾ ਹੈ ਜਿਸ ਕਰਕੇ ਇਨ੍ਹਾਂ ਦੀ ਬਦਬੂ ਲੋਕਾਂ ਲਈ ਵੱਡੀ ਸਿਰਦਰਦੀ ਬਣਦੀ ਜਾ ਰਹੀ ਹੈ ਅਤੇ ਕਈ ਤਰ੍ਹਾਂ ਦੀਆਂ ਭਿਆਨਕ ਬੀਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ ਅਤੇ ਇਨ੍ਹਾਂ ਥਾਵਾਂ 'ਤੇ ਰਹਿੰਦੇ ਖੂੰਖਾਰ ਆਵਾਰਾ ਕੁੱਤੇ ਰਾਹਗੀਰਾਂ ਅਤੇ ਬੱਚਿਆਂ ਲਈ ਜਾਨ ਦਾ ਖੌਅ ਬਣ ਰਹੇ ਹਨ।

ਉਨ੍ਹਾਂ ਕਿਹਾ ਕਿ ਜਿਨ੍ਹਾਂ ਪਿੰਡਾਂ ਦੀਆਂ ਹੱਡਾ-ਰੋੜੀਆਂ, ਜੋ ਸੰਘਣੀ ਆਬਾਦੀ ਵਿੱਚ ਆ ਜਾਣ ਕਾਰਨ ਆਮ ਜਨਤਾ ਲਈ ਪ੍ਰੇਸ਼ਾਨੀ ਦਾ ਸਬੱਬ ਬਣ ਗਈਆਂ ਹਨ, ਉਨ੍ਹਾਂ ਪਿੰਡਾਂ ਲਈ ਵਿਭਾਗ ਦੇ ਅਧਿਕਾਰੀ ਗ੍ਰਾਮ ਪੰਚਾਇਤਾਂ ਅਤੇ ਗ੍ਰਾਮ ਸਭਾਵਾਂ ਦੇ ਸਹਿਯੋਗ ਨਾਲ ਗ਼ੈਰ-ਵਾਹੀਯੋਗ ਸ਼ਾਮਲਾਤ ਜ਼ਮੀਨਾਂ ਵਿੱਚੋਂ ਥਾਂ ਮੁਹੱਈਆ ਕਰਵਾ ਕੇ ਆਬਾਦੀ ਦੇਹ ਤੋਂ ਬਾਹਰ ਕੱਢਣ ਲਈ ਉਚੇਚਾ ਬੰਦੋਬਸਤ ਕਰਨ ਅਤੇ ਇਸ ਮੰਤਵ ਲਈ ਪੁਰਾਣੀ ਅਲਾਟ ਕੀਤੀ ਗਈ ਜ਼ਮੀਨ ਦੀ ਸੁਚੱਜੀ ਵਰਤੋਂ ਕਰਨ ਸਬੰਧੀ ਤਜਵੀਜ਼ ਪੇਸ਼ ਕਰਨ।

ਭੁੱਲਰ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਸਵੱਛਤਾ, ਜਨਤਕ ਸਿਹਤ ਅਤੇ ਜੀਵਨ ਦੀ ਸਮੁੱਚੀ ਗੁਣਵੱਤਾ ਨੂੰ ਬਰਕਰਾਰ ਰੱਖਣ ਲਈ ਮੁਰਦਾ ਪਸ਼ੂਆਂ ਦੇ ਨਿਪਟ-ਾਰੇ ਦਾ ਢੁਕਵਾਂ ਪ੍ਰਬੰਧਨ ਬਹੁਤ ਜ਼ਰੂਰੀ ਹੈ। ਇਸ ਨਾਲ ਸੂਬੇ ਭਰ ਦੇ ਪਿੰਡਾਂ ਵਿੱਚ ਇਸ ਜ਼ਰੂਰੀ ਕਾਰਜ ਲਈ ਨਿਰਧਾਰਤ ਤੇ ਸੁਚੱਜੀ ਸਾਂਭ-ਸੰਭਾਲ ਵਾਲੀਆਂ ਥਾਵਾਂ ਉਪਲਬਧ ਹੋਣਗੀਆਂ ਅਤੇ ਨਾਲ-ਨਾਲ ਪੇਂਡੂ ਖੇਤਰ ਦੇ ਵਸਨੀਕਾਂ ਦੀਆਂ ਚਿੰਤਾਵਾਂ ਵੀ ਦੂਰ ਹੋਣਗੀਆਂ।

ਕੈਬਨਿਟ ਮੰਤਰੀ ਨੇ ਪੰਜਾਬ ਦੇ ਪਿੰਡਾਂ ਵਿੱਚ ਸਫ਼ਾਈ ਅਤੇ ਲੋਕ ਭਲਾਈ ਨੂੰ ਉਤਸ਼ਾਹਿਤ ਕਰਨ ਲਈ ਇਨ੍ਹਾਂ ਹਦਾਇਤਾਂ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸਾਰੇ ਸਬੰਧਤ ਵਿਭਾਗਾਂ ਨੂੰ ਇਸ ਦੇ ਲਾਗੂਕਰਨ ਵਿੱਚ ਪੂਰਨ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ।

# ਮਹਿਲਾ ਸ਼ਸਕਤੀਕਰਨ ਬਾਰੇ ਸਤੀਏਵਾਲਾ ਵਿੱਚ ਲਗਾਇਆ ਗਿਆ ਜਾਗਰੂਕਤਾ ਕੈਂਪ

ਫਿਰੋਜ਼ਪੁਰ,11 ਜੁਲਾਈ (ਗਿਆਨ ਸਿੰਘ): ਮਹਿਲਾ ਸ਼ਸਕਤੀਕਰਨ ਦੇ ਤਹਿਤ ਮਹਿਲਾ ਬਾਲ ਵਿਕਾਸ ਵਿਭਾਗ ਵੱਲੋਂ ਔਰਤਾਂ ਅਤੇ ਕੇਂਦਰਿਤ ਮੁੱਦਿਆ ਤੇ ਜਾਗਰੂਕਤਾ ਅਤੇ ਪਹੁੰਚ ਵਧਾਉਣ ਲਈ 100 ਦਿਨਾ ਜਾਗਰੂਕਤਾ ਅਭਿਆਨ ਸ਼ੁਰੂ ਕੀਤਾ ਗਿਆ ਹੈ। ਇਹ ਅਭਿਆਨ 21 ਜੂਨ ਤੋਂ ਸ਼ੁਰੂ ਹੋ ਕੇ 4 ਅਕਤੂਬਰ 2024 ਤਕ ਚਲਾਇਆ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਰੀਚਿਕਾ ਨੰਦਾ ਨੇ ਦੱਸਿਆ ਕਿ ਸ਼ਡਿਊਲ ਦੇ ਚੌਥੇ ਹਫਤੇ ਮਿਸ਼ਨ ਸ਼ਕਤੀ (ਡੀ.ਐੱਚ.ਈ.ਡਬਲਯੂ) ਦੇ ਜਿਲ੍ਹਾ ਕੋਆਡੀਨੇਟਰ ਗੁਰਪ੍ਰੀਤ ਸਿੰਘ ਵੱਲੋਂ ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਬਾਰੇ ਜਾਗਰੂਕਤਾ ਕੈਂਪ ਆਂਗਨਵਾੜੀ ਸੈਂਟਰ ਸਤੀਏਵਾਲਾ, ਬਲਾਕ ਘੱਲ ਖੁਰਦ ਵਿਖੇ ਲਗਾਇਆ ਗਿਆ। ਇਸ ਕੈਂਪ ਦੌਰਾਨ ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਗਿਆ ਕਿ ਪਹਿਲਾ ਬੱਚਾ ਪੈਦਾ ਹੋਣ ਤੇ 5 ਹਜ਼ਾਰ ਰੁਪਏ ਅਤੇ ਦੂਸਰਾ ਬੱਚਾ ਬੇਟੀ ਹੋਣ ਤੇ 6 ਹਜ਼ਾਰ ਰੁਪਏ ਦੀ ਰਾਸ਼ੀ ਦਿੱਤੀ ਜਾਂਦੀ ਹੈ।

ਇਸ ਮੌਕੇ ਸਤਨਾਮ ਸਿੰਘ, ਜ਼ਿਲ੍ਹਾ ਪ੍ਰੋਗਰਾਮ ਦਫ਼ਤਰ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਫਿਰੋਜ਼ਪੁਰ ਦੇ ਕਰਮਚਾਰੀ ਅਤੇ ਆਗਣਵਾੜੀ ਵਰਕਰਾਂ ਮੌਜੂਦ ਸਨ।









# ਲੋਕ ਆਪਣਾ ਇਲਾਜ ਮਨਜ਼ੂਰਸ਼ੁਦਾ ਨਸ਼ਾ ਛੁਡਾਊ ਕੇਂਦਰ ਤੋਂ ਹੀ ਕਰਵਾਉਣ : ਡਿਪਟੀ ਕਮਿਸ਼ਨਰ

ਫਰੀਦਕੋਟ, 11 ਜੁਲਾਈ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਫਰੀਦਕੋਟ ਵਿਨੀਤ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸਿਵਲ ਸਰਜਨ ਡਾ. ਮਨਿੰਦਰ ਪਾਲ ਸਿੰਘ ਦੀ ਦੇਖ-ਰੇਖ ਹੇਠ ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਯੋਤੀ ਦੀ ਅਗਵਾਈ ਵਿੱਚ ਗਠਿਤ ਟੀਮ ਵੱਲੋਂ ਰਹਿਮਤ ਨਸ਼ਾ ਛਡਾਓ ਕੇਂਦਰ ਚੈਕ ਕੀਤਾ ਗਿਆ।

ਚੈਕਿੰਗ ਹੋਣ ਤੇ ਸਾਰੀ ਪੜਤਾਲ ਕਰਨ ਤੇ ਦਾਖਲ ਮਰੀਜਾਂ ਦਾ ਰਿਕਾਰਡ ਨਾ ਹੋਣਾ , ਸਾਫ-ਸਫਾਈ, ਲਾਇਸੈਂਸ ਆਦਿ ਬੇਨਿਯਮੀਆਂ ਪਾਈਆ ਗਈਆ । ਜਿਸ ਬਾਰੇ ਡਿਪਟੀ ਕਮਿਸ਼ਨਰ ਨੂੰ ਜਾਣੂ ਕਰਵ-ਾਇਆ ਗਿਆ ਉਪਰੰਤ ਉੱਚ ਅਧਿਕਾਰੀਆਂ ਵੱਲੋ ਦਿੱਤੇ ਹੁਕਮਾਂ ਅਨੁਸਾਰ ਰਹਿਮਤ ਨਸ਼ਾ ਕੇਦਰ ਨੂੰ ਸੀਲ ਕਰਨ ਕਾਰਵਾਈ ਕਰਨ ਲਈ ਸਿਵਲ ਅਤੇ ਸਿਹਤ ਪ੍ਰਸ਼ਾਸਨ ਦੀ ਟੀਮ ਗਠਿਤ ਕੀਤੀ ਗਈ। ਟੀਮ ਵੱਲੋ ਉਕਤ ਸੈਂਟਰ ਤੇ ਸੀਲ ਕਰਨ ਲਈ ਰੇਡ ਕਰਨ ਮੌਕੇ ਉੱਥੇ ਨਸ਼ਾ ਛੁਡਾਊ ਕੇਂਦਰ ਦੇ ਸੰਚਾਲਕ ਕੇਂਦਰ ਛੱਡ ਕੇ ਭੱਜ ਚੁੱਕੇ ਸਨ।

ਇੱਥੇ ਇਹ ਵੀ ਵਰਨਣਯੋਗ ਹੈ ਕਿ ਵਿਭਾਗ ਵੱਲੋ ਪਿਛਲੇ ਸਮੇ ਦੌਰਾਨ ਵੀ ਇੱਕ ਨਸ਼ਾ ਛਡਾਓ ਕੇਂਦਰ ਸੀਲ ਕੀਤਾ ਗਿਆ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੋ ਵਿਅਕਤੀ ਨਸ਼ੇ ਦੇ ਆਦੀ ਹਨ ਤੇ ਨਸ਼ਾ ਛੱਡਣਾ ਚਾਹੁੰਦੇ ਹਨ ਉਹ ਸਰਕਾਰੀ ਨਸ਼ਾ ਛਡਾਓ ਕੇਦਰ ਅਤੇ ਸਰਕਾਰ ਵੱਲੋ ਮਨਜੂਰਸ਼ੁਦਾ ਕੇਂਦਰ ਵਿਖੇ ਮਾਹਿਰ ਡਾਕਟਰ ਦੀ ਨਿਗਰਾਨੀ ਹੇਠ ਇਲਾਜ ਸ਼ੁਰੂ ਕਰਵਾਉਣ ਤਾਂ ਜੋ ਨਸ਼ੇ ਦੀ ਭੈੜੀ ਆਦਤ ਤੋਂ ਛੁਟਕਾਰਾ ਪਾਇਆ ਜਾ ਸਕੇ।

ਇਸ ਸਬੰਧੀ ਡਾ ਮਨਿੰਦਰ ਪਾਲ ਸਿੰਘ ਨੇ ਦੱਸਿਆ ਕਿ ਜਿਲੇ ਵਿੱਚ 14 ਸਰਕਾਰੀ ਓਟ ਕਲੀਨਿਕ, 2 ਡੀ- ਅਡਿਕਸ਼ਨ ਸੈਂਟਰ ਅਤੇ ਇੱਕ ਰੀ ਹੈਬਲੀਟੇਸ਼ਨ ਸੈਂਟਰ ਹੈ , ਪ੍ਰਾਈਵੇਟ 3 ਨਸ਼ਾ ਛੁਡਾਊ ਕੇਂਦਰ ਅਤੇ ਇੱਕ ਰੀ ਹੈਬਲੀਟੇਸ਼ਨ ਸੈਂਟਰ ਹੈ। ਉਨ੍ਹਾਂ ਲੋਕਾਂ ਨੂੰ ਮੁੜ ਅਪੀਲ ਕੀਤੀ ਕਿ ਉਹ ਮਨਜ਼ੂਰਸ਼ੁਦਾ ਕੇਂਦਰਾਂ ਤੋਂ ਹੀ ਆਪਣਾ ਇਲਾਜ ਕਰਵਾਉਣ ਤਾਂ ਜੋ ਉਨ੍ਹਾਂ ਦਾ ਸਹੀ ਇਲਾਜ ਹੋ ਸਕੇ।

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

# JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com


MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

## Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

## James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

## Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

## Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

Call JAG AUJLA Dir 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN
International
CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA